ਲਿੰਗ ਜਾਂਚ ਦੇ ਟੈਸਟ ਕਰਨ ਵਾਲਿਆਂ ਵਿਰੁੱਧ ਕੀਤੀ ਜਾਵੇਗੀ ਸਖਤ ਕਾਰਵਾਈ- ਡਿਪਟੀ ਕਮਿਸ਼ਨਰ

ਗਰਭਵਤੀ ਮਾਂਵਾ ਦੀ 100 ਫੀਸਦੀ ਰਜਿਸ਼ਟਰੇਸ਼ਨ ਕਰਨੀ ਬਣਾਈ ਜਾਵੇ ਯਕੀਨੀ

ਤਰਨਤਾਰਨ, 24 ਅਗਸਤ :

ਜ਼ਿਲ੍ਹੇ ਵਿੱਚ ਲਿੰਗ ਜਾਂਚ ਦੇ ਟੈਸਟ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਅੱਜ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਪ੍ਰੋਗਰਾਮਾਂ ਦਾ ਜਾਇਜ਼ਾ ਲੈਣ ਲਈ ਕੀਤੀ ਜ਼ਿਲ੍ਹਾ ਸਿਹਤ ਸੋਸਾਇਟੀ ਦੀ ਮੀਟਿੰਗ ਦੌਰਾਨ ਕੀਤਾ।ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਤਰਨਤਾਰਨ ਪ੍ਰੋ. ਰਾਕੇਸ਼ ਕੁਮਾਰ, ਸਿਵਲ ਸਰਜਨ ਡਾ. ਸਮਸ਼ੇਰ ਸਿੰਘ, ਸਹਾਇਕ ਸਿਵਲ ਸਰਜਨ ਡਾ. ਕਿਰਨਦੀਪ ਕੌਰ, ਜ਼ਿਲ੍ਹਾ ਸਿਹਤ ਅਫ਼ਸਰ ਡਾ. ਰਜਿੰਦਰਪਾਲ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਕੇ. ਡੀ. ਐੱਸ. ਔਲਖ ਅਤੇ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਜ਼ਿਲ੍ਹੇ ਵਿੱਚ ਲਿੰਗ ਅਨੁਪਾਤ ਵਿੱਚ ਸੁਧਾਰ ਲਿਆਉਣ ਲਈ ਵਿਸ਼ੇਸ ਕਦਮ ਚੁੱਕੇ ਜਾਣ।ਉਹਨਾਂ ਕਿਹਾ ਕਿ ਗਰਭਵਤੀ ਮਾਂਵਾ ਦੀ 100 ਫੀਸਦੀ ਰਜਿਸ਼ਟਰੇਸ਼ਨ ਕਰਨੀ ਯਕੀਨੀ ਬਣਾਈ ਜਾਵੇ ਅਤੇ ਲੋੜੀਂਦੇ ਚੱੈਕ-ਅੱਪ ਕਰਨ ਦੇ ਨਾਲ-ਨਾਲ ਉਸ ਦਾ ਸੰਸਥਾਗਤ ਜਣੇਪਾ ਯਕੀਨੀ ਬਣਾਇਆ ਜਾਵੇ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਨਨੀ ਸੁਰੱਖਿਆ ਯੋਜਨਾ ਅਧੀਨ ਬੀ. ਪੀ. ਐੱਲ/ਐੱਸ. ਸੀ./ਐੱਸ. ਟੀ ਪਰਿਵਾਰਾਂ ਨੂੰ ਬੱਚਾ ਪੈਦਾ ਹੋਣ ਤੋਂ ਬਾਅਦ ਮਾਲੀ ਸਹਾਇਤਾ ਵੀ ਦਿੱਤੀ ਜਾਂਦੀ ਹੈ, ਜਿਸ ਤਹਿਤ ਪਿੰਡ ਦੀਆਂ ਔਰਤਾਂ ਨੂੰ ਸਰਕਾਰੀ ਹਸਪਤਾਲ ਵਿੱਚ ਜਣੇਪਾ ਕਰਵਾਉਣ ‘ਤੇ 700 ਰੁਪਏ, ਸ਼ਹਿਰਾਂ ਦੀਆਂ ਔਰਤਾਂ ਨੂੰ ਸਰਕਾਰੀ ਹਸਪਤਾਲਾਂ ਵਿੱਚ ਜਣੇਪਾ ਕਰਵਾਉਣ ‘ਤੇ 600 ਰੁਪਏ ਅਤੇ ਘਰ ਵਿੱਚ ਜਣੇਪਾ ਹੋਣ ‘ਤੇ 500 ਰੁਪਏ ਦਿੱਤੇ ਜਾਂਦੇ ਹਨ।

-----------